ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

30 ਨਵੰਬਰ ਤੱਕ ਜ਼ਿਲ੍ਹੇ ਦੇ ਸਾਰੇ ਪਿੰਡ ਖੁੱਲੇ 'ਚ ਸ਼ੋਚ ਕਰਨ ਤੋਂ ਹੋਣਗੇ ਮੁਕਤ-ਡਿਪਟੀ ਕਮਿਸ਼ਨਰ

ਸਰਹੱਦੀ ਪਿੰਡਾਂ ਦਾ ਦੌਰਾ ਕਰਕੇ ਸਵੱਛ ਭਾਰਤ ਮਿਸ਼ਨ ਅਧੀਨ ਚੱਲ ਰਹੇ ਕੰਮਾਂ ਦਾ ਲਿਆ ਜਾਇਜ਼ਾ

ਸਵੱਛਤਾ ਨੂੰ ਬਰਕਰਾਰ ਰੱਖਣ ਲਈ ਪੰਚਾਇਤਾਂ ਤੇ ਮੋਟੀਵੇਟਰ ਨਿਭਾਉਣ ਅਹਿਮ ਰੋਲ

ਪਿੰਡਾਂ 'ਚ ਸੜਕਾਂ 'ਤੇ ਗੰਦਗੀ ਦੇ ਲੱਗੇ ਢੇਰ ਚੁਕਾਉਣ ਦੇ ਦਿੱਤੇ ਆਦੇਸ਼

ਔਰਤਾਂ ਨੂੰ ਆਪਣਾ ਵੱਢਮੁੱਲਾ ਯੋਗਦਾਨ ਪਾਉਣ ਦੀ ਕੀਤੀ ਅਪੀਲ

ਜ਼ਿਲ੍ਹੇ ਦੇ 132 ਪਿੰਡ ਹੋ ਚੁੱਕੇ ਨੇ ਖੁੱਲ੍ਹੇ 'ਚ ਸ਼ੋਚ ਮੁਕਤ

16 ਹਜ਼ਾਰ ਬਣਾ ਕੇ ਦਿੱਤੇ ਜਾ ਰਹੇ ਹਨ ਪਖਾਨੇ

ਸਾਫ-ਸਫਾਈ ਰੱਖਣ 'ਤੇ ਦਿੱਤਾ ਜ਼ੋਰ

ਫਾਜ਼ਿਲਕਾ 07 ਸਤੰਬਰ

ਮੁਲਕ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਦੇਸ਼ ਨੂੰ ਸਵੱਛ ਭਾਰਤ ਮਿਸ਼ਨ ਤਹਿਤ ਖੁਲ੍ਹੇ 'ਚ ਸ਼ੋਚ ਮੁਕਤ ਕਰਨ ਦੇ ਲਏ ਗਏ ਸੁਪਨੇ ਨੂੰ ਫਾਜ਼ਿਲਕਾ ਜ਼ਿਲ੍ਹੇ ਅੰਦਰ 30 ਨਵੰਬਰ ਤੱਕ ਪੂਰਾ ਕਰ ਲਿਆ ਜਾਵੇਗਾ। ਮਿੱਥੇ ਗਏ ਟੀਚੇ ਨੂੰ ਪੂਰਾ ਕਰਨ ਲਈ ਜ਼ਿਲ੍ਹੇ ਅੰਦਰ 31 ਨੋਡਲ ਅਫਸਰ, ਪਿੰਡ ਪੱਧਰ 'ਤੇ ਮੋਟੀਵੇਟਰ ਤੇ ਨਿਗਰਾਨ ਕਮੇਟੀਆਂ ਰਾਹੀਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਹੁਣ ਤੱਕ ਜ਼ਿਲ੍ਹੇ ਦੇ 398 ਪਿੰਡਾਂ ਵਿੱਚੋਂ 132 ਪਿੰਡਾਂ ਨੂੰ ਸ਼ੋਚ ਮੁਕਤ ਕਰ ਦਿੱਤਾ ਗਿਆ ਹੈ ਅਤੇ ਬਾਕੀ ਰਹਿੰਦੇ ਪਿੰਡਾਂ ਨੂੰ ਮਿਥੇ ਸਮੇਂ ਅੰਦਰ ਪੂਰਾ ਕਰ ਲਿਆ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜ਼ਿਲ੍ਹੇ ਦੇ ਸਰੱਹਦੀ ਖੇਤਰ ਨਾਲ ਸਬੰਧਤ ਪਿੰਡਾਂ ਦਾ ਦੌਰਾ ਕਰਕੇ ਸਵੱਛ ਭਾਰਤ ਮਿਸ਼ਨ ਅਧੀਨ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲੈਣ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਤੀ।

ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹੇ ਦੇ ਪਿੰਡ ਆਲਮ ਕੇ, ਲਧੂ ਵਾਲਾ ਉਤਾੜ, ਗੁਮਾਨੀ ਵਾਲਾ ਅਤੇ ਭੰਬਾ ਵੱਟੂ ਹਿਠਾੜ ਦਾ ਦੌਰਾ ਕਰਕੇ ਜਿੱਥੇ ਇਨ੍ਹਾਂ ਪਿੰਡਾਂ 'ਚ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲਿਆ ਉੱਥੇ ਖੁੱਲ੍ਹੇ 'ਚ ਸ਼ੋਚ ਜਾਣ 'ਤੇ ਹੋਣ ਵਾਲੇ ਨੁਕਸਾਨਾਂ ਬਾਰੇ ਵੀ ਜਾਗਰੂਕ ਕੀਤਾ। ਇਸ ਮੌਕੇ ਉਨ੍ਹਾਂ ਸਵੱਛ ਭਾਰਤ ਮਿਸ਼ਨ ਤਹਿਤ ਬਣੇ ਪਖਾਨਿਆਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਪਿੰਡਾਂ ਦੀ ਪੰਚਾਇਤਾਂ, ਮੋਟੀਵੇਟਰਾਂ ਅਤੇ ਨਿਗਰਾਨ ਕਮੇਟੀਆਂ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਨੂੰ ਖੁੱਲ੍ਹੇ 'ਚ ਸ਼ੋਚ ਮੁਕਤ ਕਰਨ ਲਈ ਲੋਕਾਂ ਦੀ ਮਾਨਿਸਕਤਾ ਨੂੰ ਬਦਲਣ ਲਈ ਵੱਧ ਤੋਂ ਵੱਧ ਪ੍ਰੇਰਿਤ ਕਰਨ। ਇਸ ਮੌਕੇ ਉਨ੍ਹਾਂ ਖਾਸ ਕਰਕੇ ਪਿੰਡਾਂ ਦੀਆਂ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ

ਮੁਹਿੰਮ ਵਿੱਚ ਆਪਣਾ ਵੱਢਮੁੱਲਾ ਯੋਗਦਾਨ ਪਾਉਣ ਲਈ ਅੱਗੇ ਆਉਣ ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਨਿਯੁਕਤ ਕੀਤੇ ਗਏ ਨੋਡਲ ਅਫਸਰਾਂ, ਮੋਟੀਵੇਟਰਾਂ, ਨਿਗਰਾਨ ਕਮੇਟੀਆਂ ਤੇ ਪਿੰਡਾਂ ਦੀ ਪੰਚਾਇਤਾਂ ਨੂੰ ਸਵੇਰੇ 5 ਵਜੇ ਜਾ ਕੇ ਖੁਲ੍ਹੇ 'ਚ ਸ਼ੋਚ ਕਰਨ ਵਾਲੇ ਵਿਅਕਤੀਆਂ 'ਤੇ ਤਿਖੀ ਨਜ਼ਰ ਰੱਖਣ ਅਤੇ ਉਨ੍ਹਾਂ ਨੂੰ ਖੁੱਲ੍ਹੇ 'ਚ ਸ਼ੋਚ ਕਰਨ ਜਾਣ ਵਾਲੀ ਸੋਚ ਨੂੰ ਬਦਲ ਕੇ ਆਪਣੇ ਘਰ ਵਿੱਚ ਬਣੇ ਪਖਾਨਿਆਂ ਨੂੰ ਹੀ ਵਰਤਨ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਸਵੱਛ ਭਾਰਤ ਮੁਹਿੰਮ ਅਧੀਨ ਸਿਰਫ ਉਨ੍ਹਾਂ ਲੋੜਵੰਦਾਂ ਨੂੰ ਹੀ ਪਖਾਨੇ ਬਣਾ ਕੇ ਦਿੱਤੇ ਜਾ ਰਹੇ ਹਨ ਜੋ ਲੋਕ ਆਰਥਿਕ ਤੌਰ 'ਤੇ ਬਹੁਤ ਹੀ ਕਮਜ਼ੋਰ ਹਨ। ਪਖਾਨੇ ਬਣਾਉਣ ਲਈ ਪ੍ਰਤੀ ਘਰ 15000 ਰੁਪਏ ਦੀ ਮਾਲੀ ਮਦਦ 3 ਕਿਸ਼ਤਾਂ ਵਿੱਚ ਕੀਤੇ ਗਏ ਕੰਮ ਦੀ ਵੰਡ ਅਨੁਸਾਰ ਮੁਹੱਈਆ ਕਰਵਾਈ ਜਾਂਦੀ ਹੈ। ਇਸ ਦੌਰਾਨ ਉਨ੍ਹਾਂ ਪਿੰਡ ਗੁਮਾਨੀ ਵਾਲਾ ਦੇ ਸਰਪੰਚ ਨੂੰ ਹਦਾਇਤ ਕੀਤੀ ਕਿ ਪਿੰਡ ਅੰਦਰ ਜਿੰਨ੍ਹਾਂ ਲੋਕਾਂ ਨੇ ਨਜਾਇਜ ਤੌਰ 'ਤੇ ਸੜਕ ਉਤੇ ਰੂੜੀ ਦੇ ਢੇਰ ਲਾ ਰੱਖੇ ਹਨ ਉਨ੍ਹਾਂ ਨੂੰ ਹਫਤੇ ਅੰਦਰ ਚੁਕਵਾਉਣਾ ਯਕੀਨੀ ਬਣਾਇਆ ਜਾਵੇ, ਅਜਿਹਾ ਨਾ ਹੋਣ ਦੀ ਸੂਰਤ ਵਿੱਚ ਉਸ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਇਸ ਮੌਕੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਮੰਡਲ ਫਾਜ਼ਿਲਕਾ ਦੇ ਕਾਰਜਕਾਰੀ ਇੰਜੀਨੀਅਰ ਸ੍ਰੀ ਰਵਿੰਦਰ ਕੁਮਾਰ ਤੋਂ ਇਲਾਵਾ ਸਬੰਧਤ ਪਿੰਡਾਂ ਦੇ ਨੋਡਲ ਅਫਸਰ, ਮੋਟੀਵੇਟਰ, ਨਿਗਰਾਨ ਕਮੇਟੀਆਂ ਦੇ ਮੈਂਬਰ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।







